# ਪੰਜਾਬ ਸਟੇਟ ਮਿਡ ਡੇ ਮੀਲ ਸੋਸਾਇਟੀ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਪੰਜਵੀਂ ਮੰਜਿਲ, ਜਿਲ੍ਹਾ ਐਸਏ.ਐਸ. ਨਗਰ (ਮੋਹਾਲੀ).
ਫੋਨ ਨੰ :0172-5212307,2210019
E-mail-id-mdmpunjab@punjabeducation.gov.in

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
ਪੰਜਾਬ।

ਮੀਮੋ ਨੰ.ਐਮ.ਡੀ.ਐਮ.ਐਸ./ਜੀ.ਐਮ./**E-589752**/2025/290192
ਮਿਤੀ 30/09/2025

**ਵਿਸ਼ਾ:-** **ਪੀ.ਐਮ. ਪੋਸ਼ਣ ਸਕੀਮ ਅਧੀਨ ਸਕੂਲਾਂ ਵਿੱਚ ਦਿੱਤੇ ਜਾ ਰਹੇ ਦੁਪਹਿਰ ਦੇ ਭੋਜਨ ਦੇ ਹਫਤਾਵਾਰੀ ਮੀਨੂੰ ਸਬੰਧੀ ਹਦਾਇਤਾਂ।**

ਉਪਰੋਕਤ ਵਿਸ਼ੇ ਸਬੰਧੀ ਪੀ.ਐਮ. ਪੋਸ਼ਣ ਸਕੀਮ ਅਧੀਨ ਸਕੂਲਾਂ ਵਿੱਚ ਦਿੱਤੇ ਜਾ ਰਹੇ ਦੁਪਹਿਰ ਦੇ ਭੋਜਨ ਦੇ ਹਫਤਾਵਾਰੀ ਮੀਨੂੰ ਸਬੰਧੀ ਹਦਾਇਤਾਂ ਨੱਥੀ ਕਰਕੇ ਲਿਖਿਆ ਜਾਂਦਾ ਹੈ ਕਿ ਸਕੂਲੀਂ ਵਿਦਿਆਰਥੀਆਂ ਨੂੰ ਕਤਾਰ ਵਿੱਚ ਬਿਠਾ ਕੇ ਮਿਡ ਡੇ ਮੀਲ ਇੰਚਾਰਜ ਦੀ ਨਿਗਰਾਨੀ ਹੇਠ ਮੀਨੂੰ ਅਨੁਸਾਰ ਦੁਪਹਿਰ ਦਾ ਭੋਜਨ ਖੁਆਉਣਾ ਯਕੀਨੀ ਬਣਾਇਆ ਜਾਵੇ, ਜੇਕਰ ਕਿਸੇ ਸਕੂਲ ਵਿੱਚ ਮੀਨੂੰ ਅਨੁਸਾਰ ਭੋਜਨ ਨਹੀਂ ਬਣਾਇਆ ਜਾਂਦਾ ਭਾਵ ਹਦਾਇਤਾਂ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਉਸਦੀ ਨਿਰੋਲ ਜਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ। ਇਹ ਮੀਨੂੰ ਮਿਤੀ **01/10/2025** ਤੋਂ **31/10/2025** ਤੱਕ ਲਾਗੂ ਹੋਵੇਗਾ।

ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

**ਜਨਰਲ ਮੈਨੇਜਰ**

**ਪਿੱ.ਅੰ.ਨੰ.ਐਮ.ਡੀ.ਐਮ.ਐਸ./ਜੀ.ਐਮ./2025/** 290193 **ਮਿਤੀ** 30**/09/2025**

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਸਮੂਹ ਉੱਪ ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
2) ਸਮੂਹ ਸਹਾਇਕ ਬਲਾਕ ਮੈਨੇਜਰ/ਮਿਡ ਡੇ ਮੀਲ ਇੰਚਾਰਜ

**ਜਨਰਲ ਮੈਨੇਜਰ**

## Weekly Menu is as under:-

| S.No. | Day | Menu |
|---|---|---|
| 1 | Monday | Dal and Chapatti |
| 2 | Tuesday | Rajmah, Rice and Kheer |
| 3 | Wednesday | Black Channe/white channe (mixed with potato) and Puri/ Chapatti |
| 4. | Thursday | Karhi (mixed with Potato and Onion Pakoras) and Rice |
| 5 | Friday | Seasonal Vegetable and Chapatti |
| 6. | Saturday | Sabt Mah di Dal, Rice and Seasonal Fruit |

## ਮਿਡ ਡੇ ਮੀਲ ਦਾ ਮੀਨੂੰ

| ਲੜੀ ਨੰ. | ਦਿਨ | ਮੀਨੂੰ |
|---|---|---|
| 1 | ਸੋਮਵਾਰ | ਦਾਲ ਅਤੇ ਰੋਟੀ |
| 2 | ਮੰਗਲਵਾਰ | ਰਾਜਮਾਹ, ਚਾਵਲ ਅਤੇ ਖੀਰ |
| 3 | ਬੁੱਧਵਾਰ | ਕਾਲੇ ਚਨੇ/ਚਿੱਟੇ ਚਨੇ (ਆਲੂ ਮਿਲਾ ਕੇ) ਅਤੇ ਪੂਰੀ/ਰੋਟੀ |
| ੪ | ਵੀਰਵਾਰ | ਕੜ੍ਹੀ (ਆਲੂ ਅਤੇ ਪਿਆਜ ਦੇ ਪਕੌੜਿਆਂ ਸਮੇਤ) ਅਤੇ ਚਾਵਲ |
| 5 | ਸ਼ੁੱਕਰਵਾਰ | ਮੌਸਮੀ ਸਬਜ਼ੀ ਅਤੇ ਰੋਟੀ |
| 6 | ਸ਼ਨੀਵਾਰ | ਸਾਬਤ ਮਾਹ ਦੀ ਦਾਲ, ਚਾਵਲ ਅਤੇ ਮੌਸਮੀ ਫਲ |

## ਤਿੱਥੀ ਭੋਜਨ ਸਬੰਧੀ

ਪਿੰਡ ਦੇ ਸਰਪੰਚ, ਦਾਨੀ ਸੱਜਣ ਜਾਂ ਹੋਰ ਪੱਤਵੰਤੇ ਸੱਜਣਾ ਦੇ ਸਹਿਯੋਗ ਨਾਲ ਕਿਸੇ ਵੀ ਵਿਸ਼ੇਸ਼ ਸਮਾਰੋਹ, ਵਿਸ਼ੇਸ਼ ਦਿਨ ਜਾਂ ਤਿਉਹਾਰ ਤੇ ਕੋਈ ਸਪੈਸ਼ਲ ਭੋਜਨ, ਫਲ ਜਾਂ ਕੋਈ ਹੋਰ ਮਠਿਆਈ ਆਦਿ ਵਿਦਿਆਰਥੀਆਂ ਨੂੰ ਦੁਪਹਿਰ ਦੇ ਭੋਜਨ ਦੇ ਨਾਲ ਦੇਣ ਸਬੰਧੀ ਉਪਰਾਲੇ ਕੀਤੇ ਜਾਣ।

General Manager,
Punjab Mid-Day-Meal Society,
PSEB Building, E-Block, Phase-8,
Sahibzada Ajit Singh Nagar.